ਦਫਤਰ ਜਿਲਾ ਮੈਜਿਸਟਰੇਟ, ਜਲੰਧਰ
Office of the District Magistrate
Jalandhar (Punjab)

No. .........................
Date .........................

Phone :0181-2224783(O)
:0181-2459664(R)
Fax :0181-2224727
Email: dc.jal@punjabmail.gov.in

**ਹੁਕਮ-**

ਕੋਵਿਡ-19 (ਕਰੋਨਾ ਵਾਇਰਸ) ਵਾਇਰਸ ਵੱਲੋਂ ਪੂਰੇ ਵਿਸ਼ਵ ਵਿੱਚ ਦਹਿਸ਼ਤ ਫੈਲਾਈ ਹੈ। ਜਿਸ ਨੂੰ ਸਰਕਾਰ ਵੱਲੋਂ ਵੀ ਮਹਾਂਮਾਰੀ ਬਿਮਾਰੀ ਘੋਸ਼ਿਤ ਕੀਤਾ ਜਾ ਚੁੱਕਾ ਹੈ ਅਤੇ ਇਸ ਨੇ ਆਪਣੇ ਪੈਰ ਭਾਰਤ ਵਿੱਚ ਵੀ ਪਸਾਰਨੇ ਸ਼ੁਰੂ ਕਰ ਦਿੱਤੇ ਹਨ। ਜਿਸ ਦੀ ਰੋਕਥਾਮ ਕਰਨੀ ਬਹੁਤ ਜਰੂਰੀ ਹੋ ਚੁੱਕੀ ਹੈ।

ਇਸ ਸਬੰਧੀ ਇਸ ਦਫਤਰ ਦੇ ਪੱਤਰ ਨੰ 3062-85/ਐਮ.ਸੀ-4/ਐਮ.ਏ ਮਿਤੀ 23-03-2020 ਰਾਂਹੀ ਜਿਲ੍ਹਾ ਜਲੰਧਰ ਵਿੱਚ ਕਰਫਿਊ ਲਾਗੂ ਕਰਨ ਸਬੰਧੀ ਹੁਕਮ ਜਾਰੀ ਕੀਤੇ ਗਏ ਸਨ। ਇਸ ਸਮੇਂ ਦੌਰਾਨ ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਲਈ ਦਵਾਈਆਂ ਮੁਹੱਈਆ ਕਰਵਾਉਣਾ ਬਹੁਤ ਜਰੂਰੀ ਹੈ। ਇਸ ਲਈ ਕਰਫਿਊ ਆਰਡਰ ਵਿੱਚ ਢਿੱਲ ਦਿੰਦੇ ਹੋਏ ਦਵਾਈਆਂ ਦੀਆਂ ਦੁਕਾਨਾਂ ਨੂੰ ਖੋਲਣ ਲਈ ਹੇਠ ਲਿਖੇ ਅਨੁਸਾਰ ਛੋਟ ਦਿੱਤੀ ਜਾਂਦੀ ਹੈ :-

1. ਜਲੰਧਰ ਜਿਲ੍ਹੇ ਦੀ ਹਦੂਦ ਅੰਦਰ ਸਾਰੀਆਂ ਦਵਾਈ ਦੀਆਂ ਦੁਕਾਨਾ ਦੁਪਿਹਰ 02.00 ਵਜੇ ਤੋਂ ਸ਼ਾਮ 05.00 ਵਜੇ ਤੱਕ ਹਰ ਰੋਜ **(ਸਮੇਤ ਐਤਵਾਰ)** ਖੁੱਲੀਆਂ ਰਹਿਣਗੀਆਂ।
2. ਇਹਨਾਂ ਦੁਕਾਨਾਂ ਤੇ ਦਵਾਈ ਲੈਣ ਲਈ ਸਿਰਫ ਐਮਰਜੈਂਸੀ ਦੌਰਾਨ ਇੱਕ ਪਰਿਵਾਰ ਤੋਂ ਸਿਰਫ ਇੱਕ ਵਿਅਕਤੀ ਹੀ ਦਵਾਈ ਲੈਣ ਜਾ ਸਕਦਾ ਹੈ, ਪਰੰਤੂ ਸ਼ਰਤ ਇਹ ਹੋਵੇਗੀ ਕਿ ਉਹ ਦਵਾਈ ਲੈਣ ਪੈਦਲ ਜਾਵੇਗਾ, ਉਸ ਨੂੰ ਕੋਈ ਵੀ ਵਹੀਕਲ ਵਰਤਨ ਦੀ ਮਨਾਹੀ ਹੋਵੇਗੀ।
3. ਜਦੋਂ ਇਹ ਵਿਅਕਤੀ ਦਵਾਈ ਲੈਣ ਜਾਂਦਾ ਹੈ ਤਾਂ ਉਸ ਪਾਸ ਡਾਕਟਰ ਦੀ ਲਿਖੀ ਹੋਈ ਪਰਚੀ (Prescription) ਹੋਣੀ ਲਾਜਮੀ ਹੋਵੇਗੀ।
4. ਇਹ ਦੁਕਾਨਾਂ ਤੇ ਦਵਾਈ ਵੇਚਦੇ ਸਮੇਂ ਹਰ ਦੁਕਾਨਦਾਰ ਇਹ ਯਕੀਨੀ ਬਣਾਏਗਾ ਕਿ ਦੁਕਾਨ ਦੇ ਬਾਹਰ ਚਿੱਟੇ ਰੰਗ ਦੇ ਗੋਲੇ ਬਣਾਏ ਗਏ ਹੋਣ ਤਾਂ ਜੋ ਸਮਾਜਿਕ ਦੂਰੀ (Social Distance) ਸਬੰਧੀ ਸਿਹਤ ਵਿਭਾਗ ਦੀਆਂ ਹਦਾਇਤਾਂ ਮੁਤਾਬਿਕ ਘੱਟੋ-ਘੱਟ 2 ਵਿਅਕਤੀਆਂ ਵਿਚਕਾਰ 1.5 ਮੀਟਰ ਦਾ ਫਾਸਲਾ ਰੱਖਿਆ ਜਾਵੇ ਤਾਂ ਜੋ ਕਰੋਨਾ ਵਾਇਰਸ ਦੀ ਬਿਮਾਰੀ ਨਾ ਫੈਲ ਸਕੇ। ਸਾਰੇ ਦੁਕਾਨਦਾਰ ਮਾਸਕ ਅਤੇ ਸੈਨੀਟਾਇਜਰ ਦਾ ਇਸਤੇਮਾਲ ਕਰਨਾ ਅਤੇ ਸਮੇਂ-ਸਮੇਂ ਤੇ ਕੋਵਿਡ-19 ਸਬੰਧੀ ਪ੍ਰਾਪਤ ਹੋਈਆਂ ਹਦਾਇਤਾਂ ਦੀ ਪਾਲਣਾ ਕਰਨਾ ਯਕੀਨੀ ਬਣਾਉਣਗੇ
5. ਇਸ ਦੌਰਾਨ ਸਿਹਤ ਵਿਭਾਗ ਦੀਆਂ ਡਰਗ ਸਬੰਧੀ ਹਦਾਇਤਾਂ ਅਤੇ ਕੋਵਿਡ-19 ਬਿਮਾਰੀ ਤੋਂ ਬਚਣ ਸਬੰਧੀ ਅਹਿਤਿਆਤ (Precautions) ਦੀਆਂ ਹਦਾਇਤਾਂ ਨੂੰ ਲਾਗੂ ਕਰਾਉਣ ਦੀ ਜਿਮੇਵਾਰੀ ਜੋਨਲ ਲਾਈਸੈਂਸਿੰਗ ਅਥਾਰਟੀ (ਡਰਗਜ਼) ਦੀ ਹੋਵੇਗੀ ਅਤੇ ਸੁਰੱਖਿਆ ਸਬੰਧੀ ਇੰਤਜਾਮ ਕਰਨ ਦੀ ਡਿਊਟੀ ਕਮਿਸ਼ਨਰ ਆਫ ਪੁਲਿਸ/ਐਸ.ਐਸ.ਪੀ.(ਦਿਹਾਤੀ), ਜਲੰਧਰ ਦੀ ਹੋਵੇਗੀ।

ਜਿਲ੍ਹਾ ਮੈਜਿਸਟਰੇਟ
ਜਲੰਧਰ।

ਪਿੱਠ ਅੰਕਣ ਨੰ. 4496-4502/ਐਮ.ਸੀ.4/ਐਮ.ਏ ਮਿਤੀ- 28-03-2020

ਇਸ ਦਾ ਇਕ ਉਤਾਰਾ ਹੇਠ ਦਰਜ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ-

1. ਕਮਿਸ਼ਨਰ ਜਲੰਧਰ ਮੰਡਲ, ਜਲੰਧਰ
2. ਕਮਿਸ਼ਨਰ ਆਫ ਪੁਲਿਸ ਜਲੰਧਰ ਅਤੇ ਸੀਨੀਅਰ ਪੁਲਿਸ ਕਪਤਾਨ (ਦਿਹਾਤੀ) ਜਲੰਧਰ
3. ਸਮੂਹ ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਜਲੰਧਰ।
4. ਕਮਿਸ਼ਨਰ ਨਗਰ ਨਿਗਮ, ਜਲੰਧਰ
5. ਜਿਲ੍ਹਾ ਲੋਕ ਸੰਪਰਕ ਅਫਸਰ, ਜਲੰਧਰ
6. ਜੋਨਲ ਲਾਇਸੈਂਸਿੰਗ ਅਥਾਰਟੀ(ਡਰਗਜ), ਜਲੰਧਰ
7. ਸੁਪਰਡੰਟ ਗਰੇਡ-1, ਪੀ.ਏ. ਟੂ ਡੀ.ਐਮ., ਸਟੈਨੋ ਟੂ ਏ.ਡੀ.ਐਮ, ਸਟੈਨੋ ਟੂ ਏ.ਸੀ(ਜ), ਸਟੈਨੋ ਟੂ ਏ.ਸੀ(ਸ਼ਿ)

ਵਾ. ਜਿਲ੍ਹਾ ਮੈਜਿਸਟਰੇਟ 28/3/2020
ਜਲੰਧਰ।

Scanned with CamScanner